

ਪਿੰਡ ਪੰਡੋਰੀ ਰਣ ਸਿੰਘ ਵਿਖੇ ਚੋਣ ਪ੍ਰਚਾਰ ਕਰਨ ਮੌਕੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਭਾਜਪਾ ਪ੍ਰਦੇਸ਼ ਪ੍ਰਧਾਨ ਅਸ਼ਵਨੀ ਸ਼ਰਮਾ ਨਾਲ ਹਨ ਉਮੀਦਵਾਰ ਹਰਜੀਤ ਸਿੰਘ ਸੰਧੂ। ਤਸਵੀਰ:ਮਨਜੀਤ ਸਿੰਘ

# ਭਾਜਪਾ ਦੀ ਜਿੱਤ ਆਪ ਸਰਕਾਰ ਦੇ ਅੰਤ ਦੀ ਸ਼ੁਰੂਆਤ ਕਰੇਗੀ-ਅਸ਼ਵਨੀ ਸ਼ਰਮਾ

## ਪਿੰਡ ਪੰਡੋਰੀ ਰਣ ਸਿੰਘ ਵਿਖੇ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਸੀਨੀਅਰ ਲੀਡਰਸ਼ਿਪ ਨੇ ਕੀਤਾ ਪ੍ਰਚਾਰ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)- ਵਿਧਾਨ ਸਭਾ ਹਲਕਾ ਤਰਨਤਾਰਨ ਦੇ ਪਿੰਡ ਪੰਡੋਰੀ ਰਣ ਸਿੰਘ ਵਿਖੇ ਭਾਜਪਾ ਦੇ ਉਮੀਵਾਰ ਹਰਜੀਤ ਸਿੰਘ ਸੰਧੂ ਦੇ ਹੱਕ ਵਿਚ ਚੋਣ ਪ੍ਰਚਾਰ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਜਪਾ ਪ੍ਰਦੇਸ਼ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਕੋਰਾ ਝੂਠ ਬੋਲ ਕੇ ਸੱਤਾ ਤੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਰਾਸਰ ਧੋਖਾ ਕੀਤਾ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪ੍ਰਦੇਸ਼ ਮਹਾਂ ਮੰਤਰੀ ਰਾਕੇਸ਼ ਰਾਠੌਰ, ਪ੍ਰਦੇਸ਼ ਮੀਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਵੀ ਸ਼ਿਰਕਤ ਕੀਤੀ ਅਤੇ ਆਪਣੇ ਸੰਬੋਧਨ ਦੌਰਾਨ ਭਾਜਪਾ ਨੂੰ ਵੋਟ ਪਾਉਣ ਦੀ ਅਪੀਲ ਕੀਤੀ। ਤਰਨ ਤਾਰਨ ਦਿਹਾਤੀ ਸਰਕਲ ਪ੍ਰਧਾਨ ਦਿਲਬਾਗ ਸਿੰਘ ਖਾਰਾ, ਸਰਕਲ ਪ੍ਰਭਾਰੀ ਸੁਰਜੀਤ ਸਿੰਘ ਸਾਗਰ ਦੇ ਵਿਸ਼ੇਸ਼ ਯਤਨਾਂ ਸਦਕਾ ਸਬ ਸਰਕਲ ਇੰਚਾਰਜ ਸਾਬਕਾ ਸਰਪੰਚ ਸਤਨਾਮ ਸਿੰਘ ਦੇ ਗ੍ਰਹਿ ਵਿਖੇ ਇਕੱਤਰ ਮੁਹਤਬਰ ਲੋਕ ਜਿੰਨਾਂ ਵਿਚ ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ, ਮੰਗਲ ਸਿੰਘ, ਸਕੱਤਰ ਸਿੰਘ, ਰਾਜ ਕੁਮਾਰ, ਜਸਬੀਰ ਸਿੰਘ, ਜਗਵਿੰਦਰ ਸਿੰਘ, ਸੁਖਵਿੰਦਰ ਸਿੰਘ, ਮੱਸਾ ਸਿੰਘ, ਬੀਬੀ ਸੁਖਵਿੰਦਰ ਕੌਰ, ਗੁਰਮੀਤ ਕੌਰ, ਦਿਲਬਾਗ ਸਿੰਘ, ਦਵਿੰਦਰ ਸਿੰਘ, ਜਗਦੀਸ਼ ਸਿੰਘ, ਕਰਤਾਰ ਸਿੰਘ, ਕੰਵਲਜੀਤ ਕੌਰ, ਸਰਬਜੀਤ ਕੌਰ, ਚਰਨਜੀਤ ਕੌਰ ਆਦਿ ਵੱਡੀ ਗਿਣਤੀ ਵਿਚ ਲੋਕਾਂ ਨੂੰ ਸੰਬੋਧਨ ਕਰਦਿਆਂ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਨੇ ਪਿੰਡ ਪੰਡੋਰੀ ਰਣ ਸਿੰਘ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਦੇਸ਼ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸੀਨੀਅਰ ਲੀਡਰਸ਼ਿਪ ਨੂੰ ਜੀ ਆਇਆ ਆਖਿਆ ਅਤੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨਾਂ ਨੇ ਪਿਛਲੇ ਲੰਬੇ ਸਮੇਂ ਤੋਂ ਭਾਜਪਾ ਨੂੰ ਮਾਣ ਸਤਿਕਾਰ ਦਿੱਤਾ ਹੈ ਅਤੇ ਉਹ ਵੀ ਰਾਤ ਦਿਨ ਲੋਕਾਂ ਦੀ ਸੇਵਾ ਵਿਚ ਪੂਰੀ ਤਰ੍ਹਾਂ ਨਾਲ ਹਾਜ਼ਰ ਰਹਿ ਕੇ ਉਨਾਂ ਦੇ ਦੁੱਖ ਸੁੱਖ ਵਿੱਚ ਵਿਚਰ ਰਹੇ। ਇਸ ਮੌਕੇ ਹਰਪ੍ਰੀਤ ਸਿੰਘ ਸਿੰਦਬਾਦ, ਅਵਤਾਰ ਸਿੰਘ ਬੰਟੀ ਤੋਂ ਇਲਾਵਾ ਹੋਰ ਵੀ ਆਗੂਆਂ ਨੇ ਸੰਬੋਧਨ ਕੀਤਾ।

# ਦਾਣਾ ਮੰਡੀ ਤਰਨ ਤਾਰਨ ਵਿਖੇ ਅਕਾਲੀ ਦਲ ਉਮੀਦਵਾਰ ਦੇ ਹੱਕ ਵਿਚ ਹੋਇਆ ਚੋਣ ਪ੍ਰਚਾਰ

ਤਰਨ ਤਾਰਨ, 28 ਅਕਤੂਬਰ (ਪਰਮਜੀਤ ਜੋਸ਼ੀ)-ਤਰਨ ਤਾਰਨ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਦੇ ਹੱਕ ਵਿਚ ਦਾਣਾ ਮੰਡੀ ਤਰਨ ਤਾਰਨ ਵਿਖੇ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਪੱਕਾ ਆੜ੍ਹਤੀ ਐਸੋਸੀਏਸ਼ਨ ਦਾਣਾ ਮੰਡੀ ਦੇ ਪ੍ਰਧਾਨ ਵਿਜੇਪਾਲ ਚੌਧਰੀ, ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਜਨਰਲ ਸਕੱਤਰ ਦਲਜੀਤ ਸਿੰਘ ਚੀਮਾ, ਐੱਨ.ਕੇ ਸ਼ਰਮਾ ਕੌਮੀ ਪ੍ਰਧਾਨ ਵਪਾਰ ਸੈੱਲ, ਸੰਜੀਵ ਤਲਵਾੜ ਕੌਮੀ ਮੀਤ ਪ੍ਰਧਾਨ, ਜਗਦੀਸ਼ ਕੁਮਾਰ ਮੁਰਾਦਪੁਰ, ਸੁਭਾਸ਼ ਚੰਦਰ ਤੇਜਪਾਲ, ਸੁਰਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪਠਾਨਕੋਟ, ਸ਼ਾਮ ਲਾਲ ਮੁਰਾਦਪੁਰਾ, ਰਾਜੂ ਦਲਾਲ, ਕੁਲਦੀਪ ਸਿੰਘ ਬੱਬੂ ਆਦਿ ਨੇ ਮੰਡੀ ਵਿਚਲੀਆਂ ਸਮੂਹ ਦੁਕਾਨਾਂ ਉਪਰ ਜਾ ਕੇ ਦੁਕਾਨਦਾਰਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੋਂ ਜਾਣੂ ਕਰਵਾਇਆ, ਉਥੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੇ ਹੱਕ ਵਿਚ ਵੋਟ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ, ਐੱਨ.ਕੇ ਸ਼ਰਮਾ ਅਤੇ ਵਿਜੇਪਾਲ ਚੌਧਰੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇਕ ਐਸੀ ਪਾਰਟੀ ਹੈ, ਜੋ ਕਿ ਪੰਜਾਬ ਵਿਚ ਖੁਸ਼ਹਾਲੀ ਅਤੇ ਤਰੱਕੀ ਲਿਆ ਸਕਦੀ ਹੈ।



ਦਾਣਾ ਮੰਡੀ ਤਰਨ ਤਾਰਨ ਵਿਖੇ ਅਕਾਲੀ ਦਲ ਦੇ ਹੱਕ ਵਿਚ ਚੋਣ ਪ੍ਰਚਾਰ ਕਰਦੇ ਹੋਏ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ, ਐੱਨ.ਕੇ ਸ਼ਰਮਾ, ਵਿਜੇਪਾਲ ਚੌਧਰੀ ਆਦਿ। ਤਸਵੀਰ:ਮਨਜੀਤ ਸਿੰਘ



ਕਰਨਬੀਰ ਸਿੰਘ ਬੁਰਜ ਦੇ ਹੱਕ ਵਿਚ ਪਿੰਡ ਪੰਜਵੜ੍ਹ ਵਿਖੇ ਚੋਣ ਮੀਟਿੰਗ ਮੌਕੇ ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਤੇ ਸਾਬਕਾ ਮੰਤਰੀ ਸੁਖਜਿੰਦਰ ਸਿੰਘ ਸੁੱਖ ਸਰਕਾਰੀਆ ਗੱਲਬਾਤ ਕਰਦੇ ਹੋਏ ਨਾਲ ਬਾਬਾ ਪਾਲ ਸਿੰਘ, ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਗੁਰਬਖਸ਼ ਸਿੰਘ ਬੁਰਜ। ਤਸਵੀਰ: ਗੱਗੋਬੂਹਾ

# ਕਰਨਬੀਰ ਸਿੰਘ ਬੁਰਜ ਹਲਕੇ ਦੇ ਵਿਕਾਸ ਨੂੰ ਬੁਲੰਦੀਆਂ 'ਤੇ ਪਹੁੰਚਾ ਸਕਦੇ ਹਨ-ਰਾਣਾ ਗੁਰਜੀਤ, ਸੁੱਖ ਸਰਕਾਰੀਆ

## ਪੰਜਵੜ੍ਹ ਵਿਖੇ ਕਾਂਗਰਸ ਪਾਰਟੀ ਦੇ ਹੱਕ ਵਿਚ ਹੋਈ ਚੋਣ ਮੀਟਿੰਗ

ਝਬਾਲ, 28 ਅਕਤੂਬਰ (ਸਰਬਜੀਤ ਸਿੰਘ)-ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਹੱਕ ਵਿਚ ਚੋਣ ਪ੍ਰਚਾਰ ਨੂੰ ਸਿਖਰਾਂ 'ਤੇ ਪਹੁੰਚਾਉਣ ਲਈ ਸਮੁੱਚੀ ਹਾਈਕਮਾਨ ਵਲੋਂ ਕੀਤੇ ਜਾ ਰਹੇ ਚੋਣ ਪ੍ਰਚਾਰ ਤਹਿਤ ਹਲਕੇ ਦੇ ਪਿੰਡ ਪੰਜਵੜ੍ਹ ਵਿਖੇ ਸਾਬਕਾ ਸਰਪੰਚ ਬਾਬਾ ਪਾਲ ਸਿੰਘ ਦੇ ਉਦਮ ਸਦਕਾ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿਚ ਚੋਣ ਮੀਟਿੰਗ ਕੀਤੀ, ਜਿਸ ਵਿਚ ਪਹੁੰਚੇ ਸਾਬਕਾ ਮੰਤਰੀ ਗੁਰਜੀਤ ਸਿੰਘ ਤੇ ਸਾਬਕਾ ਮੰਤਰੀ ਸੁਖਜਿੰਦਰ ਸਿੰਘ ਸੁੱਖ ਸਰਕਾਰੀਆ ਨੇ ਸਮੂਹ ਹਲਕਾ ਵਾਸੀਆਂ ਨੂੰ ਕਾਂਗਰਸ ਦੇ ਹੱਕ ਵਿਚ ਵੋਟ ਪਾਉਣ ਲਈ ਪ੍ਰੇਰਿਤ ਕਰਦਿਆਂ ਆਖਿਆ ਕਿ ਕਾਂਗਰਸ ਪਾਰਟੀ ਹੀ ਸੂਬੇ ਦਾ ਵਿਕਾਸ ਕਰਵਾ ਸਕਦੀ ਹੈ, ਜਿਸ ਲਈ ਹਲਕੇ ਤੋਂ ਕਾਂਗਰਸ ਪਾਰਟੀ ਨੂੰ ਜਿਤਾ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ਤੋਂ ਕਾਂਗਰਸ ਸਰਕਾਰ ਬਣਾਉਣ ਦਾ ਮੁੱਢ ਬੰਨਿਆ ਜਾਵੇ। ਉਨ੍ਹਾਂ ਆਖਿਆ ਕਿ ਤੁਹਾਡੇ ਆਪਣੇ ਇਲਾਕੇ ਦੇ ਸੂਝਵਾਨ ਉਮੀਦਵਾਰ ਕਰਨਬੀਰ ਸਿੰਘ ਬੁਰਜ ਹੀ ਹਲਕੇ ਦੇ ਵਿਕਾਸ ਨੂੰ ਬੁਲੰਦੀਆਂ 'ਤੇ ਪਹੁੰਚਾ ਸਕਦੇ ਹਨ। ਇਸ ਸਮੇਂ ਬਾਬਾ ਪਾਲ ਸਿੰਘ ਨੇ ਉਪਰੋਕਤ ਆਗੂਆਂ ਨੂੰ ਸਨਮਾਨਿਤ ਕੀਤਾ। ਇਸ ਸਮੇਂ ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਸਾਬਕਾ ਚੇਅਰਮੈਨ ਗੁਰਬਖਸ਼ ਸਿੰਘ ਬੁਰਜ, ਪੀ.ਏ. ਗੁਰਜਿੰਦਰ ਸਿੰਘ ਸੰਧੂ, ਸਾਬਕਾ ਸਰਪੰਚ ਜਗਬੀਰ ਸਿੰਘ ਪੰਜਵੜ੍ਹ, ਸ਼ਿਵਾਲਕ ਸਕੂਲ ਦੇ ਡਾਇਰੈਕਟਰ ਮਹਾਂਬੀਰ ਸਿੰਘ, ਡਾਇਰੈਕਟਰ ਕਰਨਬੀਰ ਸਿੰਘ ਬੁਰਜ, ਗੁਰਨਿਸ਼ਾਨ ਸਿੰਘ, ਸਿਮਰਨ ਸਿੰਘ, ਬਲਰਾਜ ਸਿੰਘ ਬਾਜੂ, ਕੇਵਲ ਸਿੰਘ, ਮਹਿੰਦਰਪਾਲ ਸਿੰਘ ਅਤੇ ਹੋਰ ਹਾਜ਼ਰ ਸਨ।

# ਸੂਬੇ ਦੀ 'ਆਪ' ਸਰਕਾਰ ਨੇ ਹੀ ਲੋਕਾਂ ਨੂੰ ਵਧੇਰੇ ਸਹੂਲਤਾਂ ਦਿੱਤੀਆਂ-ਹਰਮੀਤ ਸਿੰਘ ਸੰਧੂ

## ਗੰਡੀਵਿੰਡ ਵਿਖੇ ਚੋਣ ਮੀਟਿੰਗ ਨੂੰ ਕੀਤਾ ਸੰਬੋਧਨ

ਝਬਾਲ, 28 ਅਕਤੂਬਰ (ਸਰਬਜੀਤ ਸਿੰਘ)- ਸੂਬੇ ਦੀ 'ਆਪ' ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕਰਕੇ ਹਰੇਕ ਵਰਗ ਦੇ ਲੋਕਾਂ ਨੂੰ ਪੂਰੀਆਂ ਸਹੂਲਤਾਂ ਦਿੱਤੀਆਂ ਹਨ ਅਤੇ ਸੂਬੇ ਦੇ ਵਿਕਾਸ ਕਾਰਜ ਪਹਿਲ ਦੇ ਆਧਾਰ ਨਾਲ ਕਰਵਾ ਕੇ ਪਿੰਡਾਂ ਦੀ ਨੁਹਾਰ ਬਦਲ ਦਿੱਤੀ ਹੈ, ਜਿਸ ਕਰਕੇ 'ਆਪ' ਸਰਕਾਰ ਤੋਂ ਖੁਸ਼ ਹਲਕਾ ਵਾਸੀ ਆਉਣ ਵਾਲੀ 11 ਨਵੰਬਰ ਨੂੰ ਹੋ ਰਹੀ ਤਰਨ ਤਰਨ ਹਲਕੇ ਦੀ ਜ਼ਿਮਨੀ ਚੋਣ ਵਿਚ ਆਮ ਪਾਰਟੀ ਦੇ ਹੱਕ ਵਿਚ ਆਪਣੀਆਂ ਵੋਟਾਂ ਪਾ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ। ਇਹ ਵਿਚਾਰ ਤਰਨ ਤਾਰਨ ਹਲਕੇ ਦੇ ਪਿੰਡ ਗੰਡੀਵਿੰਡ ਵਿਖੇ ਨੌਜਵਾਨ ਆਗੂ ਅਮਨਪ੍ਰੀਤ ਸਿੰਘ ਦੇ ਗ੍ਰਹਿ ਵਿਖੇ ਹੋਈ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਲਕੇ ਤੋਂ ਆਮ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਚੋਣ ਮੀਟਿੰਗ ਨੂੰ ਸਬੋਧਨ ਕਰਦਿਆਂ ਪ੍ਰਗਟ ਕੀਤੇ। ਸੰਧੂ ਨੇ ਆਖਿਆ ਕਿ ਹਲਕੇ ਵਿਚ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡਾਂ ਨੂੰ ਸ਼ਹਿਰਾਂ ਵਾਲੀਆਂ ਪੂਰੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਸਮੇਂ ਅਮਨਪ੍ਰੀਤ ਸਿੰਘ ਅਤੇ ਹੋਰ ਪਾਰਟੀ ਆਗੂਆਂ ਵਲੋਂ ਹਰਮੀਤ ਸਿੰਘ ਸੰਧੂ ਅਤੇ ਹੋਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਜਗਜੀਤ ਸਿੰਘ ਜੱਗਾ, ਪ੍ਰਧਾਨ ਰੋਕੀ, ਮਨਪ੍ਰੀਤ ਸਿੰਘ, ਤੀਰਥ ਸਿੰਘ, ਜਸਕਰਨ ਸਿੰਘ, ਗੁਰਵਿੰਦਰ ਸਿੰਘ ਗੋਲਡੀ ਅਤੇ ਹੋਰ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।



ਪਿੰਡ ਗੰਡੀਵਿੰਡ ਵਿਖੇ ਆਮ ਪਾਰਟੀ ਦੇ ਹੱਕ ਵਿਚ ਹੋਈ ਚੋਣ ਮੀਟਿੰਗ ਮੌਕੇ ਪਹੁੰਚੇ ਹਲਕੇ ਤੋਂ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਸਨਮਾਨਿਤ ਕਰਦੇ ਹੋਏ ਅਮਨਪ੍ਰੀਤ ਸਿੰਘ ਅਤੇ ਹੋਰ। ਤਸਵੀਰ: ਗੱਗੋਬੂਹਾ

# ਕਾਂਗਰਸ ਦੇ ਹੱਕ 'ਚ ਫਤਵੇ ਲਈ ਮਨ ਬਣਾਈ ਬੈਠਾ ਤਰਨ ਤਾਰਨ ਹਲਕੇ ਦਾ ਵੋਟਰ-ਕੈਪਟਨ ਸੰਧੂ

ਮੁੱਲਾਂਪੁਰ-ਦਾਖਾ, 28 ਅਕਤੂਬਰ (ਨਿਰਮਲ ਸਿੰਘ ਧਾਲੀਵਾਲ)-ਤਰਨ ਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੀ ਚੋਣ ਮੁਹਿਮ ਨੂੰ ਪ੍ਰਭਾਵਸ਼ਾਲੀ ਬਣਾਉਣ ਵਿਚ ਮੋਹਰੀ ਪੰਜਾਬ ਕਾਂਗਰਸ ਦੇ ਜਨ: ਸਕੱਤਰ (ਇੰਚਾਰਜ) ਕੈਪਟਨ ਸੰਦੀਪ ਸੰਧੂ ਨੂੰ ਜ਼ਿਮਨੀ ਚੋਣ ਲਈ ਪਾਰਟੀ ਵਲੋਂ ਮੀਡੀਆ ਦੀ ਜ਼ਿੰਮੇਵਾਰੀ ਸੰਭਾਲੀ ਗਈ। ਹਲਕਾ ਦਾਖਾ 'ਚ ਕਾਂਗਰਸ ਪਾਰਟੀ ਦੇ ਪ੍ਰਮੁੱਖ ਆਗੂ ਕੈਪਟਨ ਸੰਦੀਪ ਸੰਧੂ ਨੇ ਜ਼ਿਮਨੀ ਚੋਣ ਬਾਰੇ ਸਵਾਲ 'ਚ ਕਿਹਾ ਕਿ ਪੰਜਾਬ ਸਰਕਾਰ ਸੋਸ਼ਲ ਮੀਡੀਆ ਐਕਸ, ਫੇਸਬੁੱਕ, ਇੰਸਟਾ ਜ਼ਰੀਏ ਏਕਾਧਿਕਾਰ ਹੈ, ਜਦ ਕਿ ਕਾਂਗਰਸ ਪਾਰਟੀ ਉਮੀਦਵਾਰ ਬੁਰਜ ਨੂੰ ਵੋਟ ਦੀ ਅਪੀਲ ਲਈ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ਧਰਤੀ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਗੱਲ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਦੀ ਸਮੀਖਿਆ ਵਿਚ ਕਾਂਗਰਸ ਲਈ ਜਿੱਤਣਾ ਬੜਾ ਅਸਾਨ ਹੈ, ਕਿਉਂਕਿ ਤਰਨ ਤਾਰਨ ਹਲਕੇ ਦਾ ਵੋਟਰ ਕਾਂਗਰਸ ਦੇ ਹੱਕ 'ਚ ਫਤਵੇ ਲਈ ਮਨ ਬਣਾਈ ਬੈਠਾ। ਕੈਪਟਨ ਸੰਧੂ ਨੇ ਕਿਹਾ ਕਿ ਧਰਮ ਨਿਰਪੱਖ ਪਾਰਟੀ ਕਾਂਗਰਸ ਦੀ ਵੋਟ ਵਧਾਉਣ ਲਈ ਜਿਥੇ ਪਾਰਟੀ ਵਰਕਰਾਂ ਵਿਚ ਵੱਡਾ ਉਤਸ਼ਾਹ ਹੈ, ਉੱਥੇ ਕਰਨਬੀਰ ਸਿੰਘ ਦੀ ਸ਼ਖ਼ਸੀਅਤ ਅਧਾਰਿਤ ਹੱਥ ਪੰਜਾ ਚੋਣ ਨਿਸ਼ਾਨ ਨਾਲ ਵੋਟ ਜੁੜੀ ਹੋਈ ਹੈ। ਕੈਪਟਨ ਸੰਧੂ ਨੇ ਕਿਹਾ ਕਿ ਹੜ੍ਹਾਂ ਦੇ ਕਹਿਰ ਦੌਰਾਨ ਪੰਜਾਬ ਕਾਂਗਰਸ ਪ੍ਰਧਾਨ ਵਲੋਂ ਆਪਣੀ ਸਮੁੱਚੀ ਟੀਮ ਨਾਲ ਇਨਸਾਨੀਅਤ ਨਾਤੇ ਪੀੜਤਾਂ ਦੀ ਦਿਲੋਂ ਮੱਦਦ ਕਰਕੇ ਦ੍ਰਿੜ ਕਿਸਾਨ ਤਰਨ ਤਾਰਨ ਜ਼ਿਮਨੀ ਚੋਣ 'ਚ ਕਾਂਗਰਸ ਪਾਰਟੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੀ ਪਿੱਠ 'ਤੇ ਆਣ ਖਲੋਤਾ ਹੈ।





ਕਰਨਬੀਰ ਸਿੰਘ ਕਰਨ ਬੁਰਜ ਦੇ ਹੱਕ ਵਿਚ ਚੋਣ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਅਮਰਿੰਦਰ ਸਿੰਘ ਰਾਜਾ ਵੜਿੰਗ।

# ਵੜਿੰਗ ਦੀ ਤਰਨ ਤਾਰਨ ਦੇ ਲੋਕਾਂ ਨੂੰ ਅਪੀਲ, 'ਆਪ' ਨੂੰ ਉਸ ਦੇ ਟੁੱਟੇ ਵਾਅਦਿਆਂ ਬਾਰੇ ਪੁੱਛੋ

## ਕਿਹਾ, ਪੰਜਾਬ ਨੇ ਕਦੇ ਵੀ ਝੂਠ ਬੋਲਣ ਵਾਲਿਆਂ ਦੀ ਅਜਿਹੀ ਧੋਖੇਬਾਜ਼ ਸਰਕਾਰ ਨਹੀਂ ਦੇਖੀ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੂਬੇ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ 'ਤੇ ਸਖ਼ਤ ਹਮਲਾ ਕਰਦੇ ਹੋਏ ਲੋਕਾਂ ਨੂੰ ਸੱਤਾਧਾਰੀ ਪਾਰਟੀ ਤੋਂ ਉਸ ਦੇ ਟੁੱਟੇ ਹੋਏ ਵਾਅਦਿਆਂ ਬਾਰੇ ਪੁੱਛਣ ਦੀ ਅਪੀਲ ਕੀਤੀ ਹੈ। ਇਸ ਮੌਕੇ ਪਾਰਟੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਸਮਰਥਨ ਵਿਚ ਕਰਵਾਈ ਇਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਵੜਿੰਗ ਨੇ ਕਿਹਾ ਕਿ ਇਨ੍ਹਾਂ ਕੋਲ ਹੁਣ ਜ਼ਿਆਦਾ ਸਮਾਂ ਨਹੀਂ ਬਚਿਆ ਹੈ ਅਤੇ ਬਿਹਤਰ ਹੋਵੇਗਾ ਕਿ ਇਨ੍ਹਾਂ ਨੂੰ ਲੋਕਾਂ ਨਾਲ ਕੀਤੇ ਵਾਅਦਿਆਂ ਪ੍ਰਤੀ ਜਵਾਬਦੇਹ ਬਣਾਇਆ ਜਾਵੇ। ਇਸ ਦੌਰਾਨ 'ਬੋਲੇ ਸੋ ਨਿਹਾਲ' ਦੇ ਨਾਅਰਿਆਂ ਵਿਚਕਾਰ ਉਨ੍ਹਾਂ ਨੇ ਲੋਕਾਂ ਨੂੰ 'ਆਪ' ਆਗੂਆਂ ਨੂੰ ਜਵਾਬਦੇਹ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ ਜਦੋਂ ਇਹ ਤੁਹਾਡੀਆਂ ਵੋਟਾਂ ਲਈ ਤੁਹਾਡੇ ਕੋਲ ਆਉਂਦੇ ਹਨ, ਤਾਂ ਪਹਿਲਾਂ ਇਨ੍ਹਾਂ ਤੋਂ ਪੁੱਛੋ ਕਿ ਇਨ੍ਹਾਂ ਨੇ ਇੰਨੇ ਸਾਲਾਂ ਵਿਚ ਕੀ ਕੀਤਾ ਹੈ। ਕਾਂਗਰਸ ਨੇ ਤਰਨ ਤਾਰਨ ਜ਼ਿਮਨੀ ਚੋਣ ਲਈ ਆਪਣੀ ਮੁਹਿੰਮ ਹੋਰ ਤੇਜ਼ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ 'ਆਪ' ਪਹਿਲਾਂ ਹੀ ਪੰਜਾਬ ਵਿਚ ਲਗਪਗ ਚਾਰ ਸਾਲਾਂ ਤੋਂ ਸੱਤਾ ਵਿਚ ਹੈ। ਇਹ ਹਰ ਸਮੇਂ ਝੂਠ ਦੇ ਸਹਾਰੇ ਨਹੀਂ ਟਿਕ ਸਕਦੇ। ਸੂਬਾ ਕਾਂਗਰਸ ਪ੍ਰਧਾਨ ਨੇ 'ਆਪ' ਲੀਡਰਸ਼ਿਪ ਨੂੰ ਪੰਜਾਬ ਦੀ ਹਰ ਔਰਤ ਨੂੰ 1100 ਰੁਪਏ ਦੇਣ, ਨਸ਼ਿਆਂ ਅਤੇ ਅਪਰਾਧਾਂ ਨੂੰ ਖਤਮ ਕਰਨ ਅਤੇ ਸੂਬੇ ਵਿਚ ਸਿਹਤ ਸੰਭਾਲ ਤੇ ਸਿੱਖਿਆ ਨੂੰ ਬਿਹਤਰ ਬਣਾਉਣ ਦੇ ਵਾਅਦੇ ਬਾਰੇ ਯਾਦ ਦਿਵਾਇਆ। ਇਸ ਦੌਰਾਨ ਲੋਕਾਂ ਨੂੰ ਬੁਰਜ ਦੇ ਹੱਕ ਵਿਚ ਵੋਟ ਪਾਉਣ ਦੀ ਅਪੀਲ ਕੀਤੀ।



ਤਰਨ ਤਾਰਨ ਹਲਕੇ ਵਿਚ ਚੋਣ ਮੀਟਿੰਗਾਂ ਦੌਰਾਨ ਸੰਬੋਧਨ ਕਰਦੇ ਹੋਏ ਬੀਬਾ ਹਰਸਿਮਰਤ ਕੌਰ ਬਾਦਲ, ਉਨ੍ਹਾਂ ਨਾਲ ਕੰਚਨਪ੍ਰੀਤ ਕੌਰ। ਤਸਵੀਰ:ਮਨਜੀਤ ਸਿੰਘ

# ਬੀਬਾ ਬਾਦਲ ਨੇ ਤਰਨ ਤਾਰਨ ਜ਼ਿਮਨੀ ਚੋਣ ਦੌਰਾਨ ਬੀਬੀ ਸੁਖਵਿੰਦਰ ਕੌਰ ਦੇ ਹੱਕ ਵਿਚ ਕੀਤਾ ਚੋਣ ਪ੍ਰਚਾਰ

## ਵੱਖ-ਵੱਖ ਪਿੰਡਾਂ 'ਚ ਹੋਈਆਂ ਚੋਣ ਮੀਟਿੰਗਾਂ ਨੂੰ ਕੀਤਾ ਸੰਬੋਧਨ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਤਰਨ ਤਾਰਨ ਜ਼ਿਮਨੀ ਚੋਣ ਦੌਰਾਨ ਸ਼੍ਰੋਮਣੀ ਅਕਾਲੀ ਦਲ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਬੀਬਾ ਹਰਸਿਮਰਤ ਕੌਰ ਬਾਦਲ ਨੇ ਤਰਨ ਤਾਰਨ ਪਹੁੰਚ ਕੇ ਚੋਣ ਪ੍ਰਚਾਰ ਕੀਤਾ। ਇਸ ਮੌਕੇ ਵੱਖ-ਵੱਖ ਪਿੰਡਾਂ ਵਿਚ ਹੋਈਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਅਕਾਲੀ ਦਲ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਹੀ ਜਿੱਤਣਗੇ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਵੱਡੀ ਗਿਣਤੀ ਵਿਚ ਲੋਕ ਅਕਾਲੀ ਦਲ ਵਿਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਹੀ ਪੰਜਾਬ ਦੇ ਮੁੱਦਿਆਂ ਤੋਂ ਪੂਰੀ ਤਰ੍ਹਾਂ ਕਿਨਾਰਾ ਕੀਤਾ ਸੀ ਅਤੇ ਹੁਣ ਸੱਤਾਧਾਰੀ ਪਾਰਟੀ ਵਲੋਂ ਲੋਕਾਂ ਨੂੰ ਸਹੂਲਤਾਂ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੀਬੀ ਸੁਖਵਿੰਦਰ ਕੌਰ ਰੰਧਾਵਾ ਦਾ ਪਰਿਵਾਰ ਧਰਮੀ ਫੌਜੀ ਦਾ ਪਰਿਵਾਰ ਹੈ ਅਤੇ ਸਾਡਾ ਵੀ ਫਰਜ ਬਣਦਾ ਹੈ ਕਿ ਅਸੀਂ ਪੰਥ ਨਾਲ ਖੜੇ ਹੋਈਏ ਅਤੇ ਉਨ੍ਹਾਂ ਨੂੰ ਇਸ ਹਲਕੇ ਤੋਂ ਜੇਤੂ ਬਣਾ ਕੇ ਵਿਧਾਨ ਸਭਾ ਵਿਚ ਭੇਜਿਆ ਜਾਵੇ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੇ ਵੀ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਭਰੋਸਾ ਦਿੱਤਾ ਕਿ ਉਹ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਫਤਵਾ ਦੇ ਕੇ ਉਨ੍ਹਾਂ ਨੂੰ ਇਸ ਇਲਾਕੇ ਵਿਚੋਂ ਵੱਡੀ ਲੀਡ ਨਾਲ ਜਿਤਾਉਣਗੇ।

# ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤੀ) ਦੇ ਆਗੂਆਂ ਨੇ ਭਾਈ ਮਨਦੀਪ ਸਿੰਘ ਦੇ ਹੱਕ ਵਿਚ ਕੀਤਾ ਚੋਣ ਪ੍ਰਚਾਰ

ਝਬਾਲ, 28 ਅਕਤੂਬਰ (ਸੁਖਦੇਵ ਸਿੰਘ)- ਤਰਨ ਤਾਰਨ ਜ਼ਿਮਨੀ ਚੋਣ ਲਈ ਲਈ ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤੀ), ਸ਼੍ਰੋਮਣੀ ਅਕਾਲੀ ਦਲ (ਅ), ਵਾਰਿਸ ਪੰਜਾਬ ਅਤੇ ਪੰਥਕ ਜਥੇਬੰਦੀਆਂ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ) ਦੇ ਹੱਕ ਵਿਚ ਝਬਾਲ ਖ਼ੇਤਰ ਦੇ ਵੱਖ-ਵੱਖ ਪਿੰਡਾਂ ਵਿਚ ਚੋਣ ਪ੍ਰਚਾਰ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਜਨਰਲ ਸਕੱਤਰ ਜਸਬੀਰ ਸਿੰਘ ਘੁੰਮਣ, ਵਰਕਿੰਗ ਕਮੇਟੀ ਮੈਂਬਰ ਭਾਈ ਰਘਬੀਰ ਸਿੰਘ ਰਾਜਾਸਾਸੀ ਅਤੇ ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ ਨੇ ਸਮੁੱਚੇ ਪੰਥ ਨੂੰ ਰਾਜਸੀ ਵਖਰੇਵਿਆਂ ਤੋਂ ਉਪਰ ਉਠ ਕੇ ਪੰਜਾਬ ਤੇ ਪੰਥ ਦੀ ਚੜ੍ਹਦੀ ਕਲਾ ਲਈ ਭਾਈ ਮਨਦੀਪ ਸਿੰਘ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ 'ਤੇ ਸੱਤਾ 'ਤੇ ਕਾਬਜ਼ ਰਹੀਆਂ ਪਾਰਟੀਆਂ ਨੇ ਪੰਜਾਬ ਨੂੰ ਲੁੱਟਣ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਆਦੀ ਬਣਾਉਣ ਤੋਂ ਇਲਾਵਾ ਹੋਰ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀ ਤਾਨਾਸ਼ਾਹੀ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਪੁਲਿਸ ਦੇ ਡੰਡਿਆਂ ਨਾਲ ਚੁੱਪ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਸਿੱਖ ਰਾਜਨੀਤੀ ਵਿਚ ਏਕੇ ਨੂੰ ਧਿਆਨ ਰੱਖਦਿਆ ਜ਼ੁਲਮ ਅੱਤਿਆਚਾਰ ਅਤੇ ਅਨਿਆਂ ਖਿਲਾਫ਼ ਅਵਾਜ਼ ਬੁਲੰਦ ਕਰਨ ਵਾਲੇ ਭਾਈ ਸੰਦੀਪ ਸਿੰਘ ਸੰਨੀ ਦੇ ਭਰਾਤਾ ਭਾਈ ਮਨਦੀਪ ਸਿੰਘ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਵਿਧਾਨ ਸਭਾ ਵਿਚ ਭੇਜਣ ਦੀ ਅਪੀਲ ਕੀਤੀ। ਇਸ ਮੌਕੇ ਐਕਟਿੰਗ ਕਮੇਟੀ ਮੈਂਬਰ ਸ਼ਵਿੰਦਰ ਸਿੰਘ ਦੋਬਲੀਆ, ਬਲਵਿੰਦਰ ਸਿੰਘ ਜੌੜਾ, ਗੁਰਲਾਲ ਸਿੰਘ, ਜਗਰੂਪ ਸਿੰਘ, ਹਰਤੇਜ ਸਿੰਘ ਆਦਿ ਹਾਜ਼ਰ ਸਨ।



ਭਾਈ ਮਨਦੀਪ ਸਿੰਘ ਦੇ ਹੱਕ ਵਿਚ ਚੋਣ ਪ੍ਰਚਾਰ ਕਰਦੇ ਹੋਏ ਜਨਰਲ ਸਕੱਤਰ ਜਸਬੀਰ ਸਿੰਘ ਘੁੰਮਣ, ਭਾਈ ਰਘਬੀਰ ਸਿੰਘ ਰਾਜਾਸਾਸੀ ਅਤੇ ਬਲਵਿੰਦਰ ਸਿੰਘ ਝਬਾਲ। ਤਸਵੀਰ: ਸੁਖਦੇਵ ਸਿੰਘ



'ਆਪ' ਵਿਚ ਸ਼ਾਮਿਲ ਹੋਏ ਗੁੱਜਰ ਭਾਈਚਾਰੇ ਦੇ ਲੋਕਾਂ ਨਾਲ ਸ਼ੈਰੀ ਕਲਸੀ, ਨਵਜੋਤ ਕੌਰ ਹੁੰਦਲ ਅਤੇ ਹੋਰ ਆਗੂ। ਤਸਵੀਰ:ਮਨਜੀਤ ਸਿੰਘ

## ਤਰਨ ਤਾਰਨ 'ਚ ਆਮ ਆਦਮੀ ਪਾਰਟੀ ਦਾ ਕਾਫ਼ਲਾ ਵਧਿਆ

# ਗੁੱਜਰ ਭਾਈਚਾਰੇ ਦੇ ਕਈ ਪ੍ਰਮੁੱਖ ਆਗੂ ਰਵਾਇਤੀ ਪਾਰਟੀਆਂ ਛੱਡ 'ਆਪ' ਵਿਚ ਹੋਏ ਸ਼ਾਮਿਲ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਤਰਨ ਤਾਰਨ ਵਿਖੇ ਆਮ ਆਦਮੀ ਪਾਰਟੀ ਦੇ ਪਰਿਵਾਰ ਵਿਚ ਉਸ ਵੇਲੇ ਵੱਡਾ ਵਾਧਾ ਹੋਇਆ ਜਦੋਂ ਗੁੱਜਰ ਭਾਈਚਾਰੇ ਦੇ ਕਈ ਪ੍ਰਮੁੱਖ ਆਗੂਆਂ ਨੇ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ 'ਆਪ' ਦਾ ਪੱਲਾ ਫੜ ਲਿਆ। ਆਪ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਮਰਹੂਮ ਵਿਧਾਇਕ ਸੋਹਲ ਦੀ ਧਰਮ ਪਤਨੀ ਬੀਬੀ ਨਵਜੋਤ ਸੋਹਲ, ਸੀਵਰੇਜ ਬੋਰਡ ਦੇ ਚੇਅਰਮੈਨ ਡਾ.ਐੱਸ.ਐੱਸ. ਆਹਲੂਵਾਲੀਆ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸ਼ਟ ਦੀ ਮੌਜੂਦਗੀ ਵਿਚ ਸਾਰੇ ਆਗੂਆਂ ਨੂੰ ਪਾਰਟੀ ਵਿਚ ਸ਼ਾਮਿਲ ਕਰਾਇਆ ਅਤੇ ਸਵਾਗਤ ਕੀਤਾ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਕਿਹਾ ਕਿ ਪਾਰਟੀ ਦਾ ਕਾਫਲਾ ਦਿਨ-ਬ-ਦਿਨ ਵੱਧ ਰਿਹਾ ਹੈ। ਜ਼ਿਲ੍ਹਾ ਇੰਚਾਰਜ ਅੰਜੂ ਮੈਡਮ ਅਤੇ ਕੈਪਟਨ ਬਲਦੇਵ ਸਿੰਘ ਦੀ ਮਿਹਨਤ ਸਦਕਾ ਗੁੱਜਰ ਭਾਈਚਾਰੇ ਦੇ ਪ੍ਰਮੁੱਖ ਆਗੂ ਰਾਸ਼ਿਦ ਮੁਹੰਮਦ, ਬੱਬੂ, ਹੁਸਨ, ਪਰਮ, ਬਿਸ਼ਨ ਸਿੰਘ ਅਤੇ ਗੁੱਗੂ ਸਮੇਤ ਕਈ ਪਰਿਵਾਰਾਂ ਨੇ 'ਆਪ' ਵਿਚ ਸ਼ਮੂਲੀਅਤ ਕੀਤੀ। ਕਲਸੀ ਨੇ ਪਿਛਲੇ ਦਿਨੀਂ ਚੱਲ ਰਹੀਆਂ ਸਿਆਸੀ ਅਫਵਾਹਾਂ 'ਤੇ ਵੀ ਵਿਰਾਮ ਲਗਾਇਆ। ਉਨ੍ਹਾਂ ਸਪੱਸ਼ਟ ਕੀਤਾ ਕਿ ਕੁਝ ਸ਼ਰਾਰਤੀ ਅਨਸਰਾਂ ਵਲੋਂ ਪਿੰਡ ਗੱਗੂਬੂਹਾ ਦੇ ਮੌਜੂਦਾ ਸਰਪੰਚ ਸਾਧਾ ਸਿੰਘ ਬਾਰੇ ਗਲਤ ਪ੍ਰਚਾਰ ਕੀਤਾ ਜਾ ਰਿਹਾ ਸੀ। ਸਰਪੰਚ ਸਾਧਾ ਸਿੰਘ ਨੇ ਖੁਦ ਆਪਣੀ ਟੀਮ ਜਰਨੈਲ ਸਿੰਘ, ਜਗਜੀਤ ਸਿੰਘ, ਗੁਰਵੰਤ ਸਿੰਘ, ਪਰਮਜੀਤ ਸਿੰਘ ਅਤੇ ਤਜਿੰਦਰ ਸਿੰਘ ਸਮੇਤ ਹਾਜ਼ਰੀ ਭਰ ਕੇ ਸਪੱਸ਼ਟ ਕੀਤਾ ਕਿ ਉਹ ਪਾਰਟੀ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ ਅਤੇ ਪਾਰਟੀ ਨਾਲ ਚੱਟਾਨ ਵਾਂਗ ਖੜ੍ਹੇ ਹਨ। ਇਸ ਮੌਕੇ ਮਰਹੂਮ ਵਿਧਾਇਕ ਦੀ ਪਤਨੀ ਬੀਬੀ ਨਵਜੋਤ ਸੋਹਲ ਨੇ ਕਿਹਾ ਕਿ ਉਹ ਆਪਣੇ ਪਤੀ ਦੇ ਲੋਕ ਸੇਵਾ ਦੇ ਕੰਮਾਂ ਨੂੰ ਅੱਗੇ ਵਧਾ ਰਹੇ ਹਨ। ਸੀਵਰੇਜ ਬੋਰਡ ਦੇ ਚੇਅਰਮੈਨ ਐਸ.ਐਸ. ਆਹਲੂਵਾਲੀਆ ਨੇ ਕਿਹਾ ਕਿ 'ਆਪ' ਵਿਚ ਸ਼ਾਮਿਲ ਹੋਣ ਨਾਲ ਸਿਰਫ਼ ਪਾਰਟੀ ਹੀ ਨਹੀਂ, ਸਗੋਂ ਪੰਜਾਬ ਮਜ਼ਬੂਤ ਹੁੰਦਾ ਹੈ। ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬੜਸ਼ਟ ਨੇ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ।



ਪਿੰਡ ਜਗਤਪੁਰਾ ਵਿਖੇ ਕਾਂਗਰਸ ਛੱਡ ਕੇ ਭਾਜਪਾ ਵਿਚ ਸ਼ਾਮਿਲ ਹੋਏ ਸਾਬਕਾ ਸਰਪੰਚ ਮਨਜਿੰਦਰਪਾਲ ਸਿੰਘ ਵਿਰਕ ਅਤੇ ਉਨ੍ਹਾਂ ਦੇ ਸਾਥੀਆਂ ਨਾਲ ਰੈਲੀ ਕਰਨ ਮੌਕੇ ਉਮੀਦਵਾਰ ਹਰਜੀਤ ਸਿੰਘ ਸੰਧੂ ਤੇ ਹੋਰ।

# ਪਿੰਡ ਜਗਤਪੁਰਾ ਵਿਖੇ ਭਾਜਪਾ ਉਮੀਦਵਾਰ ਹਰਜੀਤ ਸਿੰਘ ਸੰਧੂ ਨੂੰ ਮਿਲਿਆ ਵੱਡਾ ਬਲ

## ਸਾਬਕਾ ਸਰਪੰਚ ਕਾਂਗਰਸ ਛੱਡ ਕੇ ਭਾਜਪਾ ਵਿਚ ਸ਼ਾਮਿਲ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਪਿੰਡ ਜਗਤਪੁਰਾ ਵਿਖੇ ਭਾਰਤੀ ਜਨਤਾ ਪਾਰਟੀ ਦੇ ਜ਼ਿਮਨੀ ਚੋਣ ਉਮੀਦਵਾਰ ਹਰਜੀਤ ਸਿੰਘ ਸੰਧੂ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਜਗਤਪੁਰਾ ਦੇ ਸਾਬਕਾ ਸਰਪੰਚ ਮਨਜਿੰਦਰਪਾਲ ਸਿੰਘ ਵਿਰਕ ਕਾਂਗਰਸ ਛੱਡ ਕੇ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋ ਗਏ। ਇਸ ਮੌਕੇ ਜ਼ਿਮਨੀ ਚੋਣ ਦੇ ਕੋ ਇੰਚਾਰਜ ਰਵੀਕਰਨ ਸਿੰਘ ਕਾਹਲੋਂ, ਸਾਬਕਾ ਸੀ.ਪੀ.ਐੱਸ. ਮਨਜੀਤ ਸਿੰਘ ਮੰਨਾ, ਸੀਨੀਅਰ ਆਗੂ ਅਜੈਬੀਰਪਾਲ ਸਿੰਘ ਰੰਧਾਵਾ, ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂ ਕੋਠੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਤੇ ਭਾਰਤੀ ਜਨਤਾ ਪਾਰਟੀ ਦੀਆਂ ਗੀਤੀਆਂ ਨੀਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਹੁਣ ਮੌਕਾ ਹੈ ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਲੋਕਾਂ ਦੀ ਕਿਸਮਤ ਬਦਲਣ ਦਾ ਕਿ ਉਹ ਮਿਹਨਤੀ ਅਤੇ ਲੋਕਾਂ ਵਿਚ ਵਿਚਰਨ ਵਾਲੇ ਆਗੂ ਹਰਜੀਤ ਸਿੰਘ ਸੰਧੂ ਨੂੰ ਜਿਤਾਉਣ। ਇਸ ਮੌਕੇ ਸ਼ਾਮਿਲ ਹੋਣ ਵਾਲੇ ਸਾਥੀਆਂ ਨੰਬਰਦਾਰ ਨਿਰਮਲ ਸਿੰਘ, ਸਾਹਿਬ ਸਿੰਘ, ਹਰਦੇਵ ਸਿੰਘ, ਗੁਰਵਿੰਦਰ ਸਿੰਘ, ਸਰਬਜੀਤ ਸਿੰਘ, ਸੁੱਖਾ ਸਿੰਘ, ਕਾਰਜ ਸਿੰਘ, ਬਾਗਾ ਸਿੰਘ, ਸਕੱਤਰ ਸਿੰਘ, ਲਵਪ੍ਰੀਤ ਸਿੰਘ ਆਦਿ ਮੁਹਤਬਰਾਂ ਨੇ ਪਰਿਵਾਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿਚ ਸ਼ਮੂਲੀਅਤ ਕਰ ਲਈ। ਸ਼ਾਮਲ ਹੋਣ ਵਾਲੇ ਮੋਹਤਬਰਾਂ ਨੂੰ ਉਮੀਦਵਾਰ ਹਰਜੀਤ ਸਿੰਘ ਸੰਧੂ ਨੇ ਪਾਰਟੀ ਲੀਡਰਸ਼ਿਪ ਦੀ ਹਾਜਰੀ ਵਿੱਚ ਪਾਰਟੀ ਚਿੰਨ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸ਼ਾਮਿਲ ਹੋਏ ਲੋਕਾਂ ਨੇ ਭਾਰਤੀ ਜਨਤਾ ਪਾਰਟੀ ਦੇ ਨਾਅਰਿਆਂ ਦੀ ਗੂੰਜ ਵਿਚ ਹਰਜੀਤ ਸਿੰਘ ਸੰਧੂ ਨੂੰ ਵਿਸ਼ਵਾਸ਼ ਦੁਆਇਆ ਕਿ ਉਹ ਬਾਕੀ ਸਾਰੀਆਂ ਪਾਰਟੀਆਂ ਨੂੰ ਅਜਮਾ ਚੁੱਕੇ ਹਨ ਕਿਸੇ ਵੀ ਪਾਰਟੀ ਜਾਂ ਆਗੂ ਉਨ੍ਹਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ ਅਤੇ ਉਨ੍ਹਾਂ ਦੇ ਬੱਚੇ ਅਤੇ ਪਰਿਵਾਰ ਬਿਲਕੁਲ ਇਕ ਜੰਗਲ ਰਾਜ ਵਾਲੇ ਮਾਹੌਲ ਵਿਚ ਰਹਿ ਰਹੇ ਹਨ। ਇਸ ਮੌਕੇ ਪਿੰਡ ਜਗਤਪੁਰਾ ਵਿਚ ਸ਼ਾਮਲ ਹੋਏ ਸਾਬਕਾ ਸਰਪੰਚ ਮਨਜਿੰਦਰਪਾਲ ਸਿੰਘ ਵਿਰਕ ਅਤੇ ਉਨ੍ਹਾਂ ਦੇ ਮੁਹਤਬਰ ਸਾਥੀਆਂ ਦਾ ਭਾਜਪਾ ਵਿਚ ਆਉਣ ਦਾ ਜੀ ਆਇਆਂ ਆਖਦਿਆਂ ਧੰਨਵਾਦ ਕੀਤਾ। ਇਸ ਮੌਕੇ ਤੇ ਗੰਡੀਵਿੰਡ ਦੇ ਆਗੂ ਰਣਜੀਤ ਸਿੰਘ ਰਾਣਾ ਗੰਡੀਵਿੰਡ, ਸਾਬਕਾ ਸਰਪੰਚ ਸੁਖਦੇਵ ਸਿੰਘ ਮਾਲੂਵਾਲ, ਸਰਕਲ ਗੰਡੀਵਿੰਡ ਪ੍ਰਧਾਨ ਭੋਲਾ ਸਿੰਘ ਰਾਣਾ ਨੇ ਵੀ ਆਪਣੇ ਸੰਬੋਧਨ ਦੌਰਾਨ ਉਮੀਦਵਾਰ ਹਰਜੀਤ ਸਿੰਘ ਸੰਧੂ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ।

# ਜਲਾਲਉਸਮਾ ਦੀ ਅਗਵਾਈ ਹੇਠ ਅਕਾਲੀ ਆਗੂਆਂ ਵਲੋਂ ਬੀਬੀ ਰੰਧਾਵਾ ਦੇ ਹੱਕ 'ਚ ਚੋਣ ਪ੍ਰਚਾਰ

ਤਰਨ ਤਾਰਨ, 28 ਅਕਤੂਬਰ (ਪਰਮਜੀਤ ਜੋਸ਼ੀ)-ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਅਤੇ ਉਨ੍ਹਾਂ ਦੇ ਸਾਥੀਆਂ, ਜਿੰਨਾਂ ਵਿਚ ਸਰਕਲ ਪ੍ਰਧਾਨ ਪਲਵਿੰਦਰ ਸਿੰਘ ਮੀਆਂਵਿੰਡ, ਸਰਕਲ ਪ੍ਰਧਾਨ ਸੁਖਵੰਤ ਸਿੰਘ ਮੱਲ੍ਹਾ, ਡਾ. ਸ਼ਮਿੰਦਰ ਸਿੰਘ ਰਾਮਪੁਰ, ਐਸ.ਸੀ. ਸੈੱਲ ਦੇ ਸਰਕਲ ਪ੍ਰਧਾਨ ਹੀਰਾ ਸਿੰਘ ਗਗੜੇਵਾਲ, ਸੁਖਬੀਰ ਸਿੰਘ ਸੰਧੂ ਮੀਆਂਵਿੰਡ ਆਦਿ ਵਲੋਂ ਜ਼ਿਮਨੀ ਚੋਣ ਤਰਨ ਤਾਰਨ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਪਿੰਡ ਮੁਰਾਦਪੁਰਾ ਅਤੇ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿਚ ਮੀਟਿੰਗਾਂ ਕਰਕੇ ਪ੍ਰਚਾਰ ਪ੍ਰਚਾਰ ਕੀਤਾ ਗਿਆ। ਇਸ ਮੌਕੇ ਪਿੰਡ ਮੁਰਾਦਪੁਰਾ ਵਿਖੇ ਸਰਕਲ ਜਲਾਲਾਬਾਦ ਤੋਂ ਅਕਾਲੀ ਦਲ ਦੇ ਐਸ.ਸੀ. ਸੈੱਲ ਦੇ ਸਰਕਲ ਪ੍ਰਧਾਨ ਹੀਰਾ ਸਿੰਘ ਦੀ ਪ੍ਰੇਰਨਾ ਸਦਕਾ ਪਰਿਵਾਰ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਵਿਚ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਨਾਲ ਬੀਬੀ ਰੰਧਾਵਾ ਦੀ ਪੁੱਤਰੀ ਕੰਚਨਪ੍ਰੀਤ ਕੌਰ, ਮੈਨੇਜਰ ਬਲਜੀਤ ਸਿੰਘ ਜਲਾਲਾਬਾਦ, ਬੀਬੀ ਰਾਜ ਕੌਰ, ਬੱਬੀ ਪ੍ਰਧਾਨ, ਜੋਤੀ ਪ੍ਰਧਾਨ, ਜਸਵਿੰਦਰ ਸਿੰਘ, ਤਰਸੇਮ ਸਿੰਘ, ਹਰਮਨਪ੍ਰੀਤ ਸਿੰਘ ਅਤੇ ਵੱਡੀ ਤਦਾਦ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਹਾਜ਼ਰ ਸਨ।



ਕਸਬਾ ਮੁਰਾਦਪੁਰਾ ਵਿਖੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਚੋਣ ਪ੍ਰਚਾਰ ਦੌਰਾਨ ਜਲਾਲਉਸਮਾ, ਪਲਵਿੰਦਰ ਸਿੰਘ ਮੀਆਂਵਿੰਡ, ਸੁਖਵੰਤ ਸਿੰਘ ਮੱਲ੍ਹਾ, ਡਾਕਟਰ ਸ਼ਮਿੰਦਰ ਸਿੰਘ, ਹੀਰਾ ਸਿੰਘ, ਸੁਖਬੀਰ ਸਿੰਘ ਸੰਧੂ ਆਦਿ। ਤਸਵੀਰ: ਮਨਜੀਤ ਸਿੰਘ



ਪਿੰਡ ਜੌਹਲ ਰਾਜੂ ਸਿੰਘ ਵਿਖੇ ਭਾਈ ਮਨਦੀਪ ਸਿੰਘ ਦੇ ਹੱਕ ਵਿਚ ਹੋਏ ਇਕੱਠ ਨੂੰ ਸੰਬੋਧਨ ਕਰਦੇ ਹੋਏ ਆਗੂ। ਤਸਵੀਰ:ਮਨਜੀਤ ਸਿੰਘ

# ਪਿੰਡ ਜੌਹਲ ਰਾਜੂ ਸਿੰਘ ਵਿਖੇ ਭਾਈ ਮਨਦੀਪ ਸਿੰਘ ਦੇ ਹੱਕ 'ਚ ਹੋਇਆ ਇਕੱਠ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਸਥਾਨਕ ਪਿੰਡ ਜੌਹਲ ਰਾਜੂ ਸਿੰਘ ਵਿਖੇ ਅਕਾਲੀ ਦਲ ਵਾਰਸ ਦੇ ਉਮੀਦਵਾਰ ਭਾਈ ਮਨਦੀਪ ਸਿੰਘ ਦੇ ਹੱਕ ਵਿਚ ਇਕ ਇਕੱਠ ਹੋਇਆ। ਇਕੱਠ ਦੌਰਾਨ ਵੱਡੀ ਗਿਣਤੀ ਵਿਚ ਲੋਕ ਪਹੁੰਚੇ। ਇਕੱਠ ਨੂੰ ਸੰਬੋਧਨ ਕਰਦੇ ਹੋਏ ਪੰਥਕ ਬੁਲਾਰਿਆਂ ਨੇ ਕਿਹਾ ਕਿ ਤਰਨ ਤਾਰਨ ਜ਼ਿਮਨੀ ਚੋਣ ਵਿਚ ਭਾਈ ਮਨਦੀਪ ਸਿੰਘ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ, ਜਿਸ ਤਰ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਨੇ ਲੋਕ ਸਭਾ ਚੋਣਾਂ ਵਿਚ ਕੀਤੀ ਸੀ ਅਤੇ ਲੋਕਾਂ ਵਲੋਂ ਉਨ੍ਹਾਂ ਨੂੰ ਜੇਲ੍ਹ ਵਿਚੋਂ ਹੀ ਵੱਡੀ ਲੀਡ ਨਾਲ ਜਿਤਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਜਿੰਨੀਆਂ ਵੀ ਸਰਕਾਰਾਂ ਬਣੀਆਂ, ਉਨ੍ਹਾਂ ਸਿਰਫ਼ ਪੰਜਾਬ ਦੇ ਲੋਕਾਂ ਨੂੰ ਲੁੱਟਿਆ ਹੀ ਹੈ ਅਤੇ ਸਿੱਖ ਕੌਮ ਉਪਰ ਜੁਲਮ ਢਾਏ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਬਾਪੂ ਤਰਸੇਮ ਸਿੰਘ ਵਲੋਂ ਵੀ ਲੋਕਾਂ ਨੂੰ ਭਾਈ ਮਨਦੀਪ ਸਿੰਘ ਦੇ ਹੱਕ ਵਿਚ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ। ਪਿੰਡ ਦੇ ਲੋਕਾਂ ਨੇ ਵੀ ਭਾਈ ਮਨਦੀਪ ਸਿੰਘ ਦੇ ਹੱਕ ਵਿਚ ਫਤਵਾ ਦੇਣ ਦਾ ਭਰੋਸਾ ਦਿੱਤਾ।